Dispatch No.I/23969/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਫਰੀਦਕੋਟ

ਕਰੋਨਾ ਟੈਸਟ ਨੈਗਟਿਵ ਆਉਣ ਉਪੰਤ ਫਰੀਦਕੋਟ ਦੇ ਇਕਾਂਤਵਾਸ ਕੇਂਦਰ ਤੋਂ 64 ਲੋਕ ਘਰ ਪਹੁੰਚੇ

ਉਪਰੋਕਤ ਲੋਕਾਂ ਨੂੰ 14 ਦਿਨ ਘਰਾਂ ਵਿੱਚ ਇਕਾਂਤਵਾਸ ਰਹਿਣ ਦੀ ਹਦਾਇਤ

ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਲਈ ਕਿਹਾ

ਘਰ ਜਾ ਰਹੇ ਲੋਕਾਂ ਵੱਲੋਂ ਵਧੀਆ ਪ੍ਰਬੰਧਾਂ ਲਈ ਜਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ

ਫਰੀਦਕੋਟ ,12 ਮਈ ( )–

ਕਰੋਨਾ ਮਹਾਂਮਾਰੀ ਕਾਰਨ ਲੱਗੇ ਕਰਫਿਊ /ਲਾਕਡਾਊਨ ਕਾਰਨ ਰਾਜਸਥਾਨ ਤੇ ਹੋਰ ਸੂਬਿਆਂ ਦੇ ਵੱਖ ਵੱਖ ਥਾਵਾਂ ਤੇ ਫਸੇ ਲੋਕਾਂ/ਮਜਦੂਰਾਂ ਨੂੰ ਪੰਜਾਬ ਸਰਕਾਰ ਦੇ ਆਦੇਸਾਂ ਅਨੁਸਾਰ ਜਿਲ੍ਹਾ ਪ੍ਰਸਾਸਨ ਵੱਲੋਂ ਵਿਸ਼ੇਸ਼ ਬੱਸਾਂ ਭੇਜ ਕੇ ਜੋ ਕਿ ਫਰੀਦਕੋਟ ਜਿਲ੍ਹੇ ਨਾਲ ਸਬੰਧਿਤ ਸਨ ਵਾਪਸ ਫਰੀਦਕੋਟ ਲਿਆਂਦਾ ਗਿਆ ਅਤੇ ਇਨਾਂ ਨੂੰ ਇਤਿਹਾਤ ਵਜੋਂ ਇਕਾਂਤਵਾਸ ਕੇਂਦਰ ਵਿੱਚ ਰੱਖਿਆ ਗਿਆ ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਪਿੰਡ ਪਿੱਪਲੀ ਦੇ ਇਕਾਂਤਵਾਸ ਕੇਂਦਰ ਤੋਂ 24 ਪੀ.ਆਰ.ਟੀ.ਸੀ. ਦੇ ਡਰਾਈਵਰ ਅਤੇ ਬਾਜਾਖਾਨਾ ਦੇ ਇਕਾਂਤਵਾਸ ਕੇਂਦਰ ਤੋਂ 48 ਮਜ਼ਦੂਰਾਂ ਨੂੰ ਵੀ ਕਰੋਨਾ ਟੈਸਟ ਨੈਗਟਿਵ ਆਉਣ ਕਾਰਨ ਘਰਾਂ ਵਿੱਚ ਭੇਜਿਆ ਜਾ ਚੁੱਕਾ ਹੈ।

ਐਸਡੀਐਮ ਫਰੀਦਕੋਟ ਸ: ਪਰਮਦੀਪ ਸਿੰਘ ਨੇ ਦੱਸਿਆ ਕਿ ਫਰੀਦਕੋਟ ਦੇ ਬਾਬਾ ਬੰਦਾ ਬਹਾਦਰ ਨਰਸਿੰਗ ਕਾਲਜ ਵਿਖੇ ਇਨਾਂ ਮਜਦੂਰਾਂ ਦੀ ਸੁੱਖ ਸਹੂਲਤ, ਰਿਹਾਇਸ਼ , ਖਾਣੇ ਆਦਿ ਲਈ ਵਿਸੇਸ ਪ੍ਰਬੰਧ ਕੀਤੇ ਗਏ ਸਨ ਅਤੇ ਸਿਹਤ ਵਿਭਾਗ ਵੱਲੋਂ ਇਨਾਂ ਦੀ ਸਿਹਤ ਜਾਂਚ ਮਗਰੋਂ ਇਨਾਂ ਦੇ ਸੈਂਪਲ ਲਏ ਗਏ ਅਤੇ ਕਰੋਨਾ ਜਾਂਚ ਲਈ ਇਨਾਂ ਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀ ਲੈਬ ਵਿਖੇ ਭੇਜਿਆ ਗਿਆ ।ਉਨਾਂ ਦੱਸਿਆ ਕਿ ਕੱਲ ਸ਼ਾਮ ਸੈਂਪਲਾਂ ਦੀ ਰਿਪੋਰਟ ਪ੍ਰਾਪਤ ਹੋ ਗਈ ਹੈ ਤੇ ਇੱਥੇ ਰਹਿੰਦੇ ਕੁੱਲ 64 ਲੋਕਾਂ ਦੇ ਕਰੋਨਾ ਸੈਂਪਲ ਨੈਗੇਟਿਵ ਆਏ ਹਨ । ਉਨਾਂ ਕਿਹਾ ਕਿ ਇਨਾਂ ਲੋਕਾਂ ਦੀ ਅੱਜ ਸਿਹਤ ਜਾਂਚ ਤੋਂ ਬਾਅਦ ਇਨਾਂ ਨੂੰ ਆਪਣੇ ਆਪਣੇ ਘਰ ਜਾਣ ਦੀ ਇਜਾਜ਼ਤ ਦਿੱਤੀ ਗਈ ਹੈ ।ਉਨਾਂ ਇਹ ਵੀ ਦੱਸਿਆ ਕਿ ਸਾਰੇ ਮਜ਼ਦੂਰ ਸਿਹਤ ਵਿਭਾਗ ਦੇ ਨਿਰਦੇਸਾਂ ਅਤੇ ਗਾਈਡ ਲਾਈਨ ਅਨੁਸਾਰ 14 ਦਿਨ ਆਪਣੇ ਘਰਾਂ ਵਿੱਚ ਇਕਾਂਤਵਾਸ ਰਹਿਣਗੇ ਅਤੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਮੇਂ ਸਮੇਂ ਤੇ ਇਨਾਂ ਦੀ ਸਿਹਤ ਜਾਂਚ ਕੀਤੀ ਜਾਵੇਗੀ। ਉਨ੍ਹਾਂ ਸਾਰਿਆਂ ਨੂੰ ਕੋਵਾ ਐਪ ਵੀ ਆਪਣੇ ਮੋਬਾਇਲ ਤੇ ਡਾਊਨਲੋਡ ਕਰਨ ਦੀ ਹਦਾਇਤ ਕੀਤੀ ।

ਇਸ ਮੌਕੇ ਇਕਾਂਤਵਾਸ ਕੇਂਦਰ ਤੋਂ ਵਾਪਸ ਘਰ ਨੂੰ ਜਾ ਰਹੇ ਇੰਦਰਜੀਤ ਸਿੰਘ ਪਿੰਡ ਪੱਕਾ ਨੇ ਦੱਸਿਆ ਕਿ ਇਕਾਂਤਵਾਸ ਕੇਂਦਰ ਵਿੱਚ ਜਿਲ੍ਹਾ ਪ੍ਰਸ਼ਾਸਨ ਵੱਲੋਂ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਸਨ। ਉਨ੍ਹਾਂ ਵਧੀਆ ਸੇਵਾਵਾਂ ਦੇਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਕਾਂਤਵਾਸ ਕੇਂਦਰ ਵਿੱਚ ਕਿਸੇ ਕਿਸਮ ਦੀ ਕੋਈ ਸਮੱਸਿਆ ਨਹੀਂ ਆਈ ਅਤੇ ਉਨ੍ਹਾਂ ਨੂੰ ਖਾਣਾ, ਚਾਹ ਵਗੈਰਾ ਟਾਈਮ ਤੇ ਦਿੱਤੇ ਜਾਂਦੇ ਸਨ। ਉਨ੍ਹਾਂ ਕਿਹਾ ਕਿ ਉਹ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ 14 ਦਿਨ ਘਰਾਂ ਵਿੱਚ ਇਕਾਂਤਵਾਸ ਰਹਿਣਗੇ।

ਇਸ ਮੌਕੇ ਤਹਿਸੀਲਦਾਰ ਪਰਮਜੀਤ ਸਿੰਘ ਬਰਾੜ , ਨਾਇਬ ਤਹਿਸੀਲਦਾਰ ਸ੍ਰੀ ਅਨਿਲ ਸ਼ਰਮਾ ਤੇ ਹੋਰ ਅਧਿਕਾਰੀ ਹਾਜ਼ਰ ਸਨ।

Dispatch No. I/24081/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 519066 ਮੀਟਰਕ ਟਨ ਕਣਕ ਦੀ ਆਮਦ ਹੋਈ

ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 519016 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ

ਹੁਣ ਤੱਕ 422237ਮੀਟਰਕ ਟਨ ਦੀ ਲਿਫਟਿੰਗ ਹੋਈ

66 ਹਜ਼ਾਰ ਤੋਂ ਵੱਧ ਕਿਸਾਨਾਂ ਨੂੰ ਪਾਸ ਜਾਰੀ ਕੀਤੇ ਗਏ

ਫਰੀਦਕੋਟ 12 ਮਈ ( ) ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਜਿਲੇ ਦੇ ਖਰੀਦ ਕੇਂਦਰਾਂ ਵਿੱਚ 15 ਅਪ੍ਰੈਲ ਤੋਂ ਚੱਲ ਰਹੇ ਖਰੀਦ ਦਾ ਕੰਮ ਪੂਰੇ ਜੋਰਾਂ ਤੇ ਹੈ ਤੇ ਹੁਣ ਤੱਕ ਜਿਲੇ ਦੀਆਂ ਮੰਡੀਆਂ ਵਿੱਚ ਪੁੱਜੀ ਲਗਭਗ ਸਾਰੀ ਕਣਕ ਹੀ ਖਰੀਦੀ ਜਾ ਚੁੱਕੀ ਹੈ ਅਤੇ ਇਸ ਦੇ ਨਾਲ ਹੀ ਕਿਸਾਨਾਂ ਨੂੰ ਅਦਾਇਗੀ, ਕਣਕ ਦੀ ਲਿਫਟਿੰਗ ਆਦਿ ਦਾ ਕੰਮ ਵੀ ਤੇਜੀ ਨਾਲ ਚੱਲ ਰਿਹਾ ਹੈ।

ਕੱਲ ਸ਼ਾਮ ਤੱਕ ਜਿਲੇ ਦੇ ਵੱਖ ਵੱਖ ਖਰੀਦ ਕੇਂਦਰਾਂ ਵਿੱਚ ਪਨਗ੍ਰੇਨ ਵੱਲੋਂ 154067 ਮੀਟਰਕ ਟਨ, ਮਾਰਕਫੈੱਡ ਵੱਲੋਂ 121438 ਮੀਟਰਕ ਟਨ, ਪਨਸਪ ਵੱਲੋਂ 121347 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 75520 ਮੀਟਰਕ ਟਨ ਅਤੇ ਐਫ ਸੀ ਆਈ ਵੱਲੋਂ 45329 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ ਹੁਣ ਤੱਕ 422237 ਮੀਟਰਕ ਟਨ ਕਣਕ ਦੀ ਮੰਡੀਆਂ ਵਿੱਚ ਲਿਫਟਿੰਗ ਹੋ ਚੁੱਕੀ ਹੈ।

ਡਿਪਟੀ ਜਿਲਾ ਮੰਡੀ ਅਫਸਰ ਸ੍ਰੀ ਗੌਰਵ ਗਰਗ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਮੰਡੀ ਬੋਰਡ ਦੁਆਰਾ ਦਿੱਤੇ ਜਾਂਦੇ ਪਾਸ ਜੋ ਕਿ ਸਬੰਧਤ ਆੜਤੀ ਦੁਆਰਾ ਕਿਸਾਨਾਂ ਨੂੰ ਮੁਹੱਈਆ ਕਰਵਾਏ ਜਾਂਦੇ ਹਨ, ਰਾਹੀਂ ਹੀ ਫਸਲ ਮੰਡੀਆਂ ਵਿੱਚ ਲਿਆਂਦੀ ਜਾ ਰਹੀ ਹੈ ਅਤੇ ਹੁਣ ਤੱਕ 66 ਹਜ਼ਾਰ ਤੋਂ ਵੱਧ ਕਿਸਾਨਾਂ ਨੂੰ ਆਪਣੀ ਫਸਲ ਮੰਡੀਆਂ ਵਿੱਚ ਲਿਆਉਣ ਲਈ ਪਾਸ ਜਾਰੀ ਕੀਤੇ ਜਾ ਚੁੱਕੇ ਹਨ। ਉਨਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆ ਰਹੀ ਅਤੇ ਮੰਡੀ ਵਿੱਚ ਆਉਣ ਵਾਲੇ ਦਿਨ ਹੀ ਕਿਸਾਨ ਆਪਣੀ ਫਸਲ ਵੇਚ ਕੇ ਵਹਿਲੇ ਹੋ ਜਾਂਦੇ ਹਨ।

Dispatch No. I/24084/2020

ਦਫਤਰ ਜਿਲਾ ਲੋਕ ਸੰਪਰਕ ਅਫਸਰ ਫਰੀਦਕੋਟ

ਕਰੋਨਾ ਟੈਸਟ ਨੈਗਟਿਵ ਆਉਣ ਉਪਰੰਤ ਬਰਗਾੜੀ ਦੇ ਇਕਾਂਤਵਾਸ ਕੇਂਦਰਾਂ ਤੋਂ 98 ਲੋਕ ਘਰ ਪਹੁੰਚੇ

ਉਪਰੋਕਤ ਲੋਕਾਂ ਨੂੰ 14 ਦਿਨ ਘਰਾਂ ਵਿੱਚ ਇਕਾਂਤਵਾਸ ਰਹਿਣ ਦੀ ਹਦਾਇਤ

ਘਰ ਜਾ ਰਹੇ ਲੋਕਾਂ ਵੱਲੋਂ ਵਧੀਆ ਪ੍ਰਬੰਧਾਂ ਲਈ ਜਿਲਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ

ਜੈਤੋ/ਫਰੀਦਕੋਟ ,12 ਮਈ (        )-

ਕਰੋਨਾ ਮਹਾਂਮਾਰੀ ਕਾਰਨ ਲੱਗੇ ਕਰਫਿਊ /ਲਾਕਡਾਊਨ ਕਾਰਨ ਰਾਜਸਥਾਨ ਤੇ ਹੋਰ ਸੂਬਿਆਂ ਦੇ ਵੱਖ ਵੱਖ ਥਾਵਾਂ ਤੇ ਫਸੇ ਲੋਕਾਂ/ਮਜਦੂਰਾਂ ਨੂੰ ਪੰਜਾਬ ਸਰਕਾਰ ਦੇ ਆਦੇਸਾਂ ਅਨੁਸਾਰ ਜਿਲਾ ਪ੍ਰਸਾਸਨ ਵੱਲੋਂ ਵਿਸ਼ੇਸ਼ ਬੱਸਾਂ ਭੇਜ ਕੇ ਜੋ ਕਿ ਫਰੀਦਕੋਟ ਜਿਲੇ ਨਾਲ ਸਬੰਧਿਤ ਸਨ ਵਾਪਸ ਫਰੀਦਕੋਟ ਲਿਆਂਦਾ ਗਿਆ ਅਤੇ ਇਨਾਂ ਨੂੰ ਇਤਿਹਾਤ ਵਜੋਂ ਇਕਾਂਤਵਾਸ ਕੇਂਦਰ ਬਰਗਾੜੀ ਵਿੱਚ ਰੱਖਿਆ ਗਿਆ ਸੀ।

ਐਸਡੀਐਮ ਜੈਤੋ ਡਾ. ਮਨਦੀਪ ਕੌਰ ਨੇ ਦੱਸਿਆ ਕਿ ਬਰਗਾੜੀ ਦੇ ਦਸ਼ਮੇਸ਼ ਪਬਲਿਕ ਸਕੂਲ ਅਤੇ ਦਸ਼ਮੇਸ਼ ਗਲੋਬਲ ਸਕੂਲ ਬਰਗਾੜੀ ਵਿਖੇ ਇਨਾਂ ਮਜਦੂਰਾਂ ਦੀ ਸੁੱਖ ਸਹੂਲਤ, ਰਿਹਾਇਸ਼ , ਖਾਣੇ ਆਦਿ ਲਈ ਵਿਸੇਸ ਪ੍ਰਬੰਧ ਕੀਤੇ ਗਏ ਸਨ ਅਤੇ ਸਿਹਤ ਵਿਭਾਗ ਵੱਲੋਂ ਇਨਾਂ ਦੀ ਸਿਹਤ ਜਾਂਚ ਮਗਰੋਂ ਇਨਾਂ ਦੇ ਸੈਂਪਲ ਲਏ ਗਏ ਅਤੇ ਕਰੋਨਾ ਜਾਂਚ ਲਈ ਇਨਾਂ ਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀ ਲੈਬ ਵਿਖੇ ਭੇਜਿਆ ਗਿਆ ।ਉਨਾਂ ਦੱਸਿਆ ਕਿ ਕੱਲ ਸ਼ਾਮ ਸੈਂਪਲਾਂ ਦੀ ਰਿਪੋਰਟ ਪ੍ਰਾਪਤ ਹੋ ਗਈ ਹੈ ਤੇ ਦਸ਼ਮੇਸ਼ ਪਬਲਿਕ ਸਕੂਲ ਦੇ ਕੁੱਲ 45 ਲੋਕਾਂ ਦੇ ਅਤੇ ਦਸ਼ਮੇਸ਼ ਗਲੋਬਲ ਸਕੂਲ ਦੇ ਕੁੱਲ 53 ਮਜ਼ਦੂਰਾਂ ਕੁੱਲ 98 ਦੇ ਕਰੋਨਾ ਸੈਂਪਲ ਨੈਗੇਟਿਵ ਆਏ ਹਨ । ਉਨਾਂ ਕਿਹਾ ਕਿ ਇਨਾਂ ਲੋਕਾਂ ਦੀ ਅੱਜ ਸਿਹਤ ਜਾਂਚ ਤੋਂ ਬਾਅਦ ਇਨਾਂ ਨੂੰ ਆਪਣੇ ਆਪਣੇ ਘਰ ਜਾਣ ਦੀ ਇਜਾਜ਼ਤ ਦਿੱਤੀ ਗਈ ਹੈ ।ਉਨਾਂ ਇਹ ਵੀ ਦੱਸਿਆ ਕਿ ਸਾਰੇ ਮਜ਼ਦੂਰ ਸਿਹਤ ਵਿਭਾਗ ਦੇ ਨਿਰਦੇਸਾਂ ਅਤੇ ਗਾਈਡ ਲਾਈਨ ਅਨੁਸਾਰ 14 ਦਿਨ ਆਪਣੇ ਘਰਾਂ ਵਿੱਚ ਇਕਾਂਤਵਾਸ ਰਹਿਣਗੇ ਅਤੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਮੇਂ ਸਮੇਂ ਤੇ ਇਨਾਂ ਦੀ ਸਿਹਤ ਜਾਂਚ ਕੀਤੀ ਜਾਵੇਗੀ।

ਇਸ ਮੌਕੇ ਇਕਾਂਤਵਾਸ ਕੇਂਦਰ ਤੋਂ ਵਾਪਸ ਘਰ ਨੂੰ ਜਾ ਰਹੇ ਮਜ਼ਦੂਰਾਂ ਨੇ ਵਧੀਆ ਸੇਵਾਵਾਂ ਦੇਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ।ਉਨਾਂ ਕਿਹਾ ਕਿ ਉਹ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ 14 ਦਿਨ ਘਰਾਂ ਵਿੱਚ ਇਕਾਂਤਵਾਸ ਰਹਿਣਗੇ।

ਇਸ ਮੌਕੇ ਨਾਇਬ ਤਹਿਸੀਲਦਾਰ ਮੈਡਮ ਹੀਰਾਵੰਤੀ , ਹੈੱਡ ਮਾਸਟਰ ਵਿਜੇ ਕੁਮਾਰ, ਆਤਮਾ ਸਿੰਘ ਹਾਜ਼ਰ ਸਨ।

Dispatch No. I/24089/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਅਧਿਆਪਕਾਂ ਅਤੇ ਕਾਊਸ਼ਲਰਾਂ ਦੀ ਪ੍ਰੇਰਨਾ ਸਦਕਾ ਇਕਾਂਤਵਾਸ ਦੌਰਾਨ 3 ਨੌਂਜਵਾਨਾਂ ਨੇ ਨਸ਼ਾ ਛੱਡਣ ਦਾ ਕੀਤਾ ਪ੍ਰਣ

ਜਿਲ੍ਹਾ ਪ੍ਰਸ਼ਾਸਨ ਵੱਲੋਂ ਉਪਰੋਕਤ ਤਿੰਨਾ ਨੌਂਜਵਾਨਾਂ ਦਾ ਵਿਸ਼ੇਸ਼ ਸਨਮਾਨ

ਨਸ਼ਾ ਛੱਡਣ ਵਾਲੇ ਨੌਂਜਵਾਨ ਹੋਰਨਾਂ ਲਈ ਵੀ ਬਣਨਗੇ ਪ੍ਰੇਰਨਾ ਸਰੋਤ-ਡਾ. ਮਨਦੀਪ ਕੌਰ

ਜੈਤੋ/ਫਰੀਦਕੋਟ 12 ਮਈ ( ) ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਕਰੋਨਾ ਮਹਾਂਮਾਰੀ ਕਾਰਨ ਲੱਗੇ ਕਰਫਿਊ/ਲਾਕਡਾਊਨ ਦੌਰਾਨ ਦੂਜੇ ਸੂਬਿਆਂ ਤੋਂ ਰਾਜ/ਜਿਲ੍ਹਿਆਂ ਦੇ ਵਸਨੀਕਾਂ ਨੂੰ ਵਾਪਸ ਲਿਆਉਣ ਦੀ ਕਵਾਇਦ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀਆਂ ਕੋਸ਼ਿਸ਼ਾਂ ਸਦਕਾ ਫਰੀਦਕੋਟ ਜਿਲ੍ਹੇ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਮਜ਼ਦੂਰਾਂ ਨੂੰ ਰਾਜਸਥਾਨ ਦੇ ਜਮਸ਼ੇਦਪੁਰ ਅਤੇ ਹੋਰ ਥਾਵਾਂ ਤੋਂ ਵਾਪਸ ਫਰੀਦਕੋਟ ਲਿਆਂਦਾ ਗਿਆ ਸੀ ਅਤੇ ਇਨ੍ਹਾਂ ਨੂੰ ਵੱਖ ਵੱਖ ਸਬ ਡਵੀਜ਼ਨਾਂ ਵਿੱਚ ਬਣਾਏ ਇਕਾਂਤਵਾਸ ਕੇਂਦਰਾਂ ਵਿੱਚ ਇਕਾਂਤ ਕੀਤਾ ਗਿਆ ਸੀ। ਇਨ੍ਹਾਂ ਵਿਚੋਂ ਸਮੇਂ ਸਮੇਂ ਤੇ ਟੈਸਟ ਰਿਪੋਰਟ ਆਉਣ ਉਪਰੰਤ ਕਰੋਨਾ ਦੇ ਨੈਗਟਿਵ ਰਿਪੋਰਟਾਂ ਆਉਣ ਵਾਲੇ ਲੋਕਾਂ ਨੂੰ ਉਨ੍ਹਾਂ ਦੇ ਘਰ ਜਾਣ ਦੀ ਇਜ਼ਾਜਤ ਦਿੱਤੀ ਗਈ ਹੈ ਅਤੇ ਇਨ੍ਹਾਂ ਨੂੰ 14ਦਿਨ ਹੋਰ ਘਰ ਵਿੱਚ ਰਹਿਣ ਦੀ ਸਲਾਹ ਦਿੱਤੀ ਗਈ ਹੈ। ਅੱਜ ਜੈਤੋ ਸਬ ਡਵੀਜਨ ਦੇ ਬਾਜਾਖਾਨਾ ਦੇ ਦਸ਼ਮੇਸ਼ ਸਕੂਲ ਵਿਚੋਂ ਅਜਿਹੇ 98 ਮਜ਼ਦੂਰਾਂ ਦੀ ਕਰੋਨਾ ਰਿਪੋਰਟ ਨੈਗਟਿਵ ਆਉਣ ਕਾਰਨ ਉਨ੍ਹਾਂ ਨੂੰ ਘਰ ਜਾਣ ਦੀ ਇਜ਼ਾਜਤ ਦਿੱਤੀ ਗਈ।

ਇਸ ਇਕਾਂਤਵਾਸ ਦੌਰਾਨ ਜਿਲ੍ਹੇ ਦੇ 3 ਨੌਂਜਵਾਨਾਂ ਸ੍ਰੀ ਨਿਰੰਜਨਜੀਤ ਸਿੰਘ , ਸ੍ਰੀ ਸਵਰਨ ਸਿੰਘ ਅਤੇ ਸ੍ਰੀ ਸਤਪਾਲ ਸਿੰਘ ਨੇ ਐਸ.ਡੀ.ਐਮ. ਡਾ. ਮਨਦੀਪ ਕੌਰ, ਸ੍ਰੀ ਵਿਜੇ ਕੁਮਾਰ ਹੈੱਡ ਮਾਸਟਰ ਅਤੇ ਸ੍ਰੀ ਆਤਮਾ ਸਿੰਘ ਟੀਚਰ ਆਦਿ ਦੀ ਪ੍ਰੇਰਨਾ ਅਤੇ ਕਾਊਸਲਿੰਗ ਸਕਦਾ ਅੱਗੇ ਤੋਂ ਨਸ਼ਿਆਂ ਦਾ ਤਿਆਗ ਕਰਨ ਦਾ ਪ੍ਰਣ ਲਿਆ ਅਤੇ ਇਸ ਤੋਂ ਇਲਾਵਾ ਇਨ੍ਹਾਂ ਨੌਜਵਾਨਾਂ ਨੇ ਇਹ ਵੀ ਪ੍ਰਣ ਕੀਤਾ ਕਿ ਉਹ ਹੋਰ ਲੋਕਾਂ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਅਤੇ ਇਨ੍ਹਾਂ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਜਾਗਰੂਕ ਕਰਨਗੇ।

ਐਸ.ਡੀ.ਐਮ. ਜੈਤੋ ਡਾ. ਮਨਦੀਪ ਕੌਰ ਨੇ ਕਿਹਾ ਕਿ 2 ਅਧਿਆਪਕਾਂ ਅਤੇ ਇਨ੍ਹਾਂ ਨੌਂਜਵਾਨਾਂ ਵੱਲੋਂ ਵਿਖਾਈ ਰੁੱਚੀ ਕਾਰਨ ਇਨ੍ਹਾਂ ਨਾਲ ਲਗਾਤਾਰ ਕਾਊਸਲਿੰਗ ਕੀਤੀ ਜਾਂਦੀ ਰਹੀ ਹੈ। ਉਨ੍ਹਾਂ ਕਿਹਾ ਹੁਣ ਇਹ ਨੌਜਵਾਨ ਨਸ਼ਿਆਂ ਤੋਂ ਬਿਨਾ ਰਹਿ ਰਹੇ ਹਨ ਅਤੇ ਪੂਰੀ ਤਰ੍ਹਾਂ ਤੰਦਰੁਸਤ ਹਨ। ਉਨ੍ਹਾਂ ਕਿਹਾ ਕਿ ਅੱਜ ਘਰ ਜਾਣ ਸਮੇਂ ਜਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਤਿੰਨਾ ਨੌਜਵਾਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਤਿੰਨ ਨੌਜਵਾਨ ਜਿਲ੍ਹੇ ਦੇ ਅਤੇ ਰਾਜ ਦੇ ਹੋਰਨਾਂ ਲੋਕਾਂ ਲਈ ਵੀ ਮਿਸਾਲ ਬਣਨਗੇ।ਇਨ੍ਹਾਂ ਨੌਂਜਵਾਨਾਂ ਨੇ ਜਿਲ੍ਹਾ ਪ੍ਰਸ਼ਾਸਨ/ਪੰਜਾਬ ਸਰਕਾਰ ਵੱਲੋਂ ਇਕਾਂਤਵਾਸ ਕੇਂਦਰਾਂ ਵਿੱਚ ਕੀਤੇ ਗਏ ਵਧੀਆ ਪ੍ਰਬੰਧਾਂ ਦੀ ਪ੍ਰਸੰਸ਼ਾ ਕੀਤੀ ਤੇ ਇਹ ਪਹਿਲੇ ਥੋੜੇ ਬਹੁਤ ਨਸ਼ੇ ਕਰਦੇ ਸਨ, ਪਰ ਹੁਣ ਉਨ੍ਹਾਂ ਨੇ ਅਧਿਆਪਕਾਂ ਅਤੇ ਐਸ.ਡੀ.ਐਮ. ਡਾ. ਮਨਦੀਪ ਕੌਰ ਦੀ ਪ੍ਰੇਰਨਾ ਸਦਕਾ ਇਨ੍ਹਾਂ ਦਾ ਸਦਾ ਲਈ ਤਿਆਗ ਕਰ ਦਿੱਤਾ ਹੈ।

ਇਸ ਮੌਕੇ ਨਾਇਬ ਤਹਿਸੀਲਦਾਰ ਮੈਡਮ ਹੀਰਾਵੰਤੀ, ਸ੍ਰੀ ਵਿਜੇ ਕੁਮਾਰ ਹੈੱਡ ਮਾਸਟਰ, ਸ੍ਰੀ ਆਤਮਾ ਸਿੰਘ ਟੀਚਰ ਸਮੇਤ ਹੋਰ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।